ਸਰਕਾਰੀ ਸੈਕੰਡਰੀ ਕੰਨਿਆ ਸਕੂਲ ਤਰਨਤਾਰਨ ਵਿਖੇ ਕੌਮੀ ਏਕਤਾ ਸਪਤਾਹ ਅਧੀਨ ਮਹਿਲਾ ਦਿਵਸ ਮਨਾਇਆ

ਉਪ ਮੰਡਲ ਮੈਜਿਸਟ੍ਰੇਟ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਮੱਲਾ ਮਾਰਨ ਵਾਲੀਆਂ ਲੜਕੀਆਂ ਦੇ ਨਾਂ ’ਤੇ ਲਗਾਏ ਗਏ ਰੁੱਖ

ਤਰਨਤਾਰਨ, 28 ਨਵੰਬਰ :

ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਤਰਨਤਾਰਨ ਵਿਖੇ ਕੌਮੀ ਏਕਤਾ ਸਪਤਾਹ ਅਧੀਨ ਮਹਿਲਾ ਦਿਵਸ ਮਨਾਇਆ ਗਿਆ। ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਤੌਰ ’ਤੇ ਉਪ ਮੰਡਲ ਮੈਜਿਸਟ੍ਰੇਟ ਤਰਨਤਾਰਨ ਡਾ. ਅਮਨਦੀਪ ਕੌਰ ਨੇ ਸ਼ਮੂਲੀਅਤ ਕੀਤੀ। ਸਮਾਗਮ ਦੀ ਸ਼ੁਰੂਆਤ ਉਪ ਮੰਡਲ ਮੈਜਿਸਟ੍ਰੇਟ ਵੱਲੋਂ ਜ਼ਿਲ੍ਹਾ ਤਰਨਤਾਰਨ ਦੀਆਂ ਵੱਖ-ਵੱਖ ਖੇਤਰਾਂ ਵਿਚ ਮੱਲਾਂ ਮਾਰਨ ਵਾਲੀਆਂ ਲੜਕੀਆਂ ਦੇ ਨਾਂ ’ਤੇ ਰੁੱਖ ਲਗਾ ਕੇ ਕੀਤੀ ਗਈ ਅਤੇ ਲੋਕਾਂ ਨੂੰ ਲੜਕੀਆਂ ਨੂੰ ਪੜਾਉਣ ਅਤੇ ਉਨ੍ਹਾਂ ਦਾ ਮਾਨ-ਸਨਮਾਨ ਕਰਨ ਲਈ ਵੀ ਪ੍ਰੇਰਿਤ ਕੀਤਾ।



ਸਮਾਗਮ ਮੌਕੇ ਵੱਖ-ਵੱਖ ਵਿਭਾਗਾਂ ਤੋਂ ਆਏ ਅਫ਼ਸਰਾਂ ਨੇ ਮਹਿਲਾ ਸ਼ਸ਼ਕਤੀਕਰਨ ਅਤੇ ਮਹਿਲਾਵਾਂ ਦੀ ਸਮਾਜ ਅਤੇ ਰਾਸ਼ਟਰ ਵਿਚ ਭਾਗੀਦਾਰੀ ਬਾਰੇ ਜਾਣੂ ਕਰਵਾਇਆ। ਇਸ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸ੍ਰੀ ਨਿਰਮਲ ਸਿੰਘ, ਸਿਵਲ ਸਰਜਨ, ਤਰਨਤਾਰਨ ਡਾ. ਸ਼ਮਸ਼ੇਰ ਸਿੰਘ, ਜ਼ਿਲ੍ਹਾ ਰੋਜਗਾਰ ਅਫ਼ਸਰ ਸ੍ਰੀ ਦਿਲਬਾਗ ਸਿੰਘ, ਜ਼ਿਲ੍ਹਾ ਪਰਿਵਾਰ ਅਤੇ ਭਲਾਈ ਅਫ਼ਸਰ ਡਾ. ਜੋਗਿੰਦਰ ਸਿੰਘ ਅਤੇ

ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਡਾ. ਹਰਦੀਪ ਕੌਰ ਵੱਲੋਂ ਮਹਿਲਾਵਾਂ ਦੇ ਕਾਨੂੰਨੀ ਹੱਕਾਂ ਅਤੇ ਸਕੀਮਾਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਮਾਜ ਵਿਚ ਆਪਣੀ ਪਹਿਚਾਣ ਬਣਾਉਣ ਲਈ ਗਾਈਡ ਕੀਤਾ ਗਿਆ।

ਇਸ ਮੌਕੇ ’ਤੇ ਸਤਲੁਜ, ਨਾਰੀ ਸ਼ਕਤੀ, ਵਾਹਿਗੁਰੂ, ਸੈਲਫ ਹੈਲਪ ਗਰੁੱਪ ਵੱਲੋਂ ਆਪਣੀ ਪ੍ਰਦਰਸ਼ਨੀ ਲਗਾਈ ਗਈ। ਇਸ ਪ੍ਰਦਰਸ਼ਨੀ ਵਿਚ ਔਰਤਾਂ ਵੱਲੋਂ ਸ਼ੁਰੂ ਕੀਤੇ ਗਏ ਲਘੂ ਉਦਯੋਗ ਵਿਚ ਬਣਾਏ ਗਏ ਸਮਾਨ ਜਿਵੇ ਕਿ ਊਨ ਦੇ ਬਣਾਏ ਸਵੈਟਰ, ਫਰਨੈਲ,ਵਾਸ਼ਿੰਗ ਪਾਊਡਰ ਦੀ ਪ੍ਰਦਰਸ਼ਨੀ ਲਗਾਈ ਗਈ। ਸਮਾਗਮ ਮੌਕੇ ਵਿਦਿਆਰਥੀਆਂ ਵੱਲੋਂ ਕਰਾਟੇ ਦੀ ਪੇਸ਼ਕਾਰੀ ਕਰਨ ਦੇ ਨਾਲ-ਨਾਲ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।

--------------------